16ਵੀਂ ਵਿਧਾਨ ਸਭਾ

ਚੌਥਾ (ਬਜਟ) ਸਮਾਗਮ

## ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ: 6

ਸ਼ਨਿੱਚਰਵਾਰ, 11 ਮਾਰਚ, 2023

(10.00 ਵਜੇ ਸਵੇਰ ਤੋਂ 06.42 ਵਜੇ ਸ਼ਾਮ ਤੱਕ)

1. ਪ੍ਰਸ਼ਨ

(ੳ) ਨਿਸ਼ਾਨ ਵਾਲੇ ਪ੍ਰਸ਼ਨ :

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 14 | 2 | 4 | -- | 19 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ : 35

2. ਧਿਆਨ ਦਿਵਾਊ ਨੋਟਿਸ

i. ਸਰਦਾਰ ਜਸਵੰਤ ਸਿੰਘ ਗੱਜਣਮਾਜਰਾ, ਐਮ.ਐਲ.ਏ ਵੱਲੋਂ ਦਿਹਾਤੀ ਵਿਕਾਸ ਅਤੇ ਪੰਚਾਇਤਾਂ ਮੰਤਰੀ ਦਾ ਧਿਆਨ ਪਿੰਡਾਂ ਵਿੱਚ ਖੁੱਲ੍ਹੀਆਂ ਹੱਡਾ-ਰੋੜੀਆਂ ਕਾਰਨ ਵੱਧ ਰਹੇ ਪ੍ਰਦੂਸ਼ਣ ਵੱਲ ਦਿਵਾਇਆ ਗਿਆ।

(ਨੰ.39)

ਦਿਹਾਤੀ ਵਿਕਾਸ ਅਤੇ ਪੰਚਾਇਤਾਂ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

ii. ਸ੍ਰੀ ਬੁੱਧ ਰਾਮ, ਐਮ.ਐਲ.ਏ ਵੱਲੋਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਹਸਪਤਾਲਾਂ ਵਿੱਚ ਗਰੀਬ ਮਰੀਜ਼ਾਂ ਨੂੰ ਜੈਨੇਰਿਕ ਦਵਾਈਆਂ ਉਪਲੱਬਧ ਨਾ ਹੋਣ ਵੱਲ ਦਿਵਾਇਆ ਗਿਆ।

(ਨੰ.43)

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

iii. ਸਰਦਾਰ ਕੁਲਵੰਤ ਸਿੰਘ ਪੰਡੋਰੀ, ਐਮ.ਐਲ.ਏ ਅਤੇ ਸਰਦਾਰ ਮਨਜੀਤ ਸਿੰਘ ਬਿਲਾਸਪੁਰ, ਐਮ.ਐਲ.ਏ ਵੱਲੋਂ ਭੂਮੀ ਅਤੇ ਜਲ ਸੰਭਾਲ ਮੰਤਰੀ ਦਾ ਧਿਆਨ ਰਾਜ ਵਿੱਚ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਦੀ ਅਤਿਅੰਤ ਜ਼ਰੂਰਤ ਵੱਲ ਦਿਵਾਇਆ ਗਿਆ। (ਨੰ:44)

ਭੂਮੀ ਅਤੇ ਜਲ ਸੰਭਾਲ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

3. **ਮਿਤੀ 22 ਮਾਰਚ, 2023 ਦੀ ਬੈਠਕ ਵਿੱਚ ਨਸ਼ਿਆਂ ਦੇ ਮੁੱਦੇ ਤੇ ਬਹਿਸ ਲਈ ਸਦਨ ਦੀ ਸਹਿਮਤੀ**

ਮਿਤੀ 22 ਮਾਰਚ, 2023 ਨੂੰ ਹੋਣ ਵਾਲੀ ਸਦਨ ਦੀ ਬੈਠਕ ਵਿਚ ਨਸ਼ਿਆਂ ਦੇ ਮੁੱਦੇ ਤੇ ਬਹਿਸ ਲਈ ਦੋ ਘੰਟੇ ਦਾ ਸਮਾਂ ਰੱਖਣ ਲਈ ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਲਈ ਗਈ।

4. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼ ਪੱਤਰ**

ਸੰਸਦੀ ਮਾਮਲਿਆਂ ਦੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: III ਦੇ ਅਧੀਨ ਦਰਸਾਏ ਗਏ ਲੜੀ ਨੰ: i ਤੋਂ vi ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

5. **ਰਿਪੋਰਟਾਂ ਪੇਸ਼ ਕਰਨਾ**

I. ਲੋਕ ਲੇਖਾ ਕਮੇਟੀ ਦੇ ਮੈਂਬਰ (ਸ. ਸੁਖਵਿੰਦਰ ਸਿੰਘ ਕੋਟਲੀ) ਨੇ ਲੋਕ ਨਿਰਮਾਣ ਵਿਭਾਗ (ਭ ਤੇ ਮ) ਨਾਲ ਸਬੰਧਤ ਸਾਲ 2016-17 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਅਤੇ ਸਾਲ 2016-17 ਲਈ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ(ਸਿਵਲ) ਤੇ ਲੋਕ ਲੇਖਾ ਕਮੇਟੀ ਦੀ 215ਵੀਂ ਰਿਪੋਰਟ ਪੇਸ਼ ਕੀਤੀ।

II. ਅਨੁਮਾਨ ਕਮੇਟੀ ਦੇ ਸਭਾਪਤੀ (ਸ. ਹਰਮੀਤ ਸਿੰਘ ਪਠਾਣਮਾਜਰਾ) ਨੇ ਸਾਲ 2022-23 ਲਈ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਨਾਲ ਸਬੰਧਤ ਬਜਟ ਅਨੁਮਾਨਾਂ ਤੇ ਅਨੁਮਾਨ ਕਮੇਟੀ ਦੀ ਰਿਪੋਰਟ ਪੇਸ਼ ਕੀਤੀ।

III. ਖੇਤੀਬਾੜੀ ਅਤੇ ਇਸ ਨਾਲ ਜੁੜੀਆਂ ਗਤੀਵਿਧੀਆਂ ਸਬੰਧੀ ਕਮੇਟੀ ਦੇ ਸਭਾਪਤੀ (ਸ. ਗੁਰਪ੍ਰੀਤ ਸਿੰਘ ਬਨਾਂਵਾਲੀ) ਨੇ ਸਾਲ 2022-23 ਲਈ ਖੇਤੀਬਾੜੀ ਅਤੇ ਇਸ ਨਾਲ ਜੁੜੀਆਂ ਗਤੀਵਿਧੀਆਂ ਸਬੰਧੀ ਕਮੇਟੀ ਦੀ ਪਹਿਲੀ ਰਿਪੋਰਟ ਪੇਸ਼ ਕੀਤੀ।

IV. ਕੁਐਸ਼ਚਨਜ਼ ਐਂਡ ਰੈਫਰੈਂਸਿਜ਼ ਕਮੇਟੀ ਦੇ ਸਭਾਪਤੀ (ਪ੍ਰੋਫੈਸਰ ਬਲਜਿੰਦਰ ਕੌਰ) ਨੇ ਸਾਲ 2022-23 ਲਈ ਕੁਐਸ਼ਚਨਜ਼ ਐਂਡ ਰੈਫਰੈਂਸਿਜ਼ ਕਮੇਟੀ ਦੀ 15ਵੀਂ ਰਿਪੋਰਟ ਪੇਸ਼ ਕੀਤੀ।

6. **ਸਾਲ 2023-24 ਲਈ ਬਜਟ ਅਨੁਮਾਨਾਂ ਤੇ ਆਮ ਬਹਿਸ**

ਨਿਮਨਲਿਖਤ ਮੈਂਬਰਾਂ ਨੇ ਸਾਲ 2023-24 ਲਈ ਬਜਟ ਅਨੁਮਾਨਾਂ ਤੇ ਆਮ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਰਾਣਾ ਗੁਰਜੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 16 ਮਿੰਟ |
| 2. | ਸ. ਅੰਮ੍ਰਿਤਪਾਲ ਸਿੰਘ ਸੁਖਾਨੰਦ, ਆਮ ਆਦਮੀ ਪਾਰਟੀ | 12 ਮਿੰਟ |
| 3. | ਸ. ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ | 15 ਮਿੰਟ |
| 4. | ਸ. ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 16 ਮਿੰਟ |
| 5. | ਸ੍ਰੀ ਦਿਨੇਸ਼ ਕੁਮਾਰ ਚੱਢਾ, ਆਮ ਆਦਮੀ ਪਾਰਟੀ | 14 ਮਿੰਟ |
| 6. | ਸ਼੍ਰੀਮਤੀ ਅਰੁਣਾ ਚੌਧਰੀ, ਇੰਡੀਅਨ ਨੈਸ਼ਨਲ ਕਾਂਗਰਸ | 08 ਮਿੰਟ |
| 7. | ਸ. ਕੁਲਵੰਤ ਸਿੰਘ ਪੰਡੋਰੀ, ਆਮ ਆਦਮੀ ਪਾਰਟੀ | 09 ਮਿੰਟ |
| 8. | ਸ੍ਰੀ ਅਸ਼ਵਨੀ ਕੁਮਾਰ ਸ਼ਰਮਾ, ਭਾਰਤੀ ਜਨਤਾ ਪਾਰਟੀ | 12 ਮਿੰਟ |
| 9. | ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ | 06 ਮਿੰਟ |
| 10. | ਡਾ. ਰਾਜ ਕੁਮਾਰ, ਇੰਡੀਅਨ ਨੈਸ਼ਨਲ ਕਾਂਗਰਸ | 10 ਮਿੰਟ |

| | | |
|---|---|---|
| 9. | ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ | 06 ਮਿੰਟ |
| 10. | ਡਾ. ਰਾਜ ਕੁਮਾਰ, ਇੰਡੀਅਨ ਨੈਸ਼ਨਲ ਕਾਂਗਰਸ | 10 ਮਿੰਟ |
| 11. | ਸ੍ਰੀ ਸੰਦੀਪ ਜਾਖੜ, ਇੰਡੀਅਨ ਨੈਸ਼ਨਲ ਕਾਂਗਰਸ | 06 ਮਿੰਟ |
| 12. | ਸ੍ਰੀ ਵਿਕਰਮਜੀਤ ਸਿੰਘ ਚੌਧਰੀ, ਇੰਡੀਅਨ ਨੈਸ਼ਨਲ ਕਾਂਗਰਸ | 06 ਮਿੰਟ |
| 13. | ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ | 07 ਮਿੰਟ |
| 14. | ਸ. ਸੁਖਵਿੰਦਰ ਸਿੰਘ ਕੋਟਲੀ , ਇੰਡੀਅਨ ਨੈਸ਼ਨਲ ਕਾਂਗਰਸ | 06 ਮਿੰਟ |
| 15. | ਸ੍ਰੀ ਅਵਤਾਰ ਸਿੰਘ ਜੂਨੀਅਰ, ਇੰਡੀਅਨ ਨੈਸ਼ਨਲ ਕਾਂਗਰਸ | 08 ਮਿੰਟ |
| 16. | ਰਾਣਾ ਇੰਦਰ ਪ੍ਰਤਾਪ ਸਿੰਘ, ਅਜ਼ਾਦ ਮੈਂਬਰ | 07 ਮਿੰਟ |
| 17. | ਸ੍ਰੀ ਬਲਕਾਰ ਸਿੰਘ ਸਿੱਧੂ, ਆਮ ਆਦਮੀ ਪਾਰਟੀ | 05 ਮਿੰਟ |
| 18. | ਸ੍ਰੀ ਸ਼ੀਤਲ ਅੰਗੁਰਾਲ, ਆਮ ਆਦਮੀ ਪਾਰਟੀ | 10 ਮਿੰਟ |
| 19. | ਸਰਦਾਰ ਹਰਭਜਨ ਸਿੰਘ, ਊਰਜਾ ਮੰਤਰੀ | 11 ਮਿੰਟ |
| 20. | ਸ. ਦਲਬੀਰ ਸਿੰਘ ਟੌਂਗ, ਆਮ ਆਦਮੀ ਪਾਰਟੀ | 04 ਮਿੰਟ |
| 21. | ਸ. ਕਰਮਬੀਰ ਸਿੰਘ, ਆਮ ਆਦਮੀ ਪਾਰਟੀ | 08 ਮਿੰਟ |
| 22. | ਮੁਹੰਮਦ ਜਮੀਲ ਉਰ ਰਹਿਮਾਨ, ਆਮ ਆਦਮੀ ਪਾਰਟੀ | 13 ਮਿੰਟ |
| 23. | ਸ. ਦਵਿੰਦਰਜੀਤ ਸਿੰਘ ਲਾਡੀ ਢੋਸ, ਆਮ ਆਦਮੀ ਪਾਰਟੀ | 07 ਮਿੰਟ |
| 24. | ਸ. ਰੁਪਿੰਦਰ ਸਿੰਘ, ਆਮ ਆਦਮੀ ਪਾਰਟੀ | 04 ਮਿੰਟ |
| 25. | ਡਾ. ਬਲਜੀਤ ਕੌਰ, ਮਹਿਲਾ ਤੇ ਬਾਲ ਵਿਕਾਸ ਮੰਤਰੀ | 17 ਮਿੰਟ |
| 26. | ਸ੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ | 10 ਮਿੰਟ |
| 27. | ਸ੍ਰੀ ਰਜਨੀਸ਼ ਕੁਮਾਰ ਦਹੀਯਾ, ਆਮ ਆਦਮੀ ਪਾਰਟੀ | 11 ਮਿੰਟ |
| 28. | ਸ. ਕੁਲਵੰਤ ਸਿੰਘ, ਆਮ ਆਦਮੀ ਪਾਰਟੀ | 09 ਮਿੰਟ |

ਵਿੱਤ ਮੰਤਰੀ ਅਤੇ ਮਾਨਯੋਗ ਮੁੱਖ ਮੰਤਰੀ ਬਜਟ ਅਨੁਮਾਨਾਂ ਤੇ ਆਮ ਬਹਿਸ ਦਾ ਜਵਾਬ ਦਿੰਦੇ ਹੋਏ ਕ੍ਰਮਵਾਰ 16 ਅਤੇ 40 ਮਿੰਟਾਂ ਲਈ ਬੋਲੇ।

7. <u>ਵਿੱਤੀ ਕੰਮ-ਕਾਰ</u>

I. <u>ਸਾਲ 2023-24 ਲਈ ਬਜਟ ਅਨੁਮਾਨਾਂ ਨਾਲ ਸਬੰਧਤ ਗ੍ਰਾਂਟਾਂ ਲਈ ਮੰਗਾਂ ਤੇ ਬਹਿਸ ਅਤੇ ਵੋਟਿੰਗ</u>

ਕਾਰਜਸੂਚੀ ਵਿੱਚ ਦਰਜ ਮੰਗ ਨੰ: 1 ਤੋਂ 42 ਇਕੱਠੀਆਂ ਹੀ ਸਦਨ ਦੀ ਵੋਟ ਲਈ ਰੱਖੀਆਂ ਗਈਆਂ ਅਤੇ ਪ੍ਰਵਾਨ ਹੋਈਆਂ।

ii. <u>ਪੰਜਾਬ ਨਮਿੱਤਣ (ਨੰ:3) ਬਿਲ, 2023</u>

ਵਿੱਤ ਮੰਤਰੀ ਨੇ ਪੰਜਾਬ ਨਮਿੱਤਣ (ਨੰ:3) ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

8. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਡਿਪਟੀ ਸਪੀਕਰ ਵੱਲੋਂ ਸਦਨ 1.30 ਵਜੇ ਬਾਅਦ ਦੁਪਹਿਰ ਤੋਂ 2.30 ਵਜੇਂ ਬਾਅਦ ਦੁਪਹਿਰ ਤੱਕ ਸਥਗਿਤ ਕੀਤਾ ਗਿਆ।

9. **ਸਦਨ ਦਾ ਸਮਾਂ ਵਧਾਉਣਾ**

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦਾ ਕੰਮ ਖਤਮ ਹੋਣ ਤੱਕ ਵਧਾਇਆ ਗਿਆ।

ਮਾਨਯੋਗ ਡਿਪਟੀ ਸਪੀਕਰ ਨੇ 12.08 ਵਜੇ ਬਾਅਦ ਦੁਪਹਿਰ ਤੋਂ 1.30 ਵਜੇ ਬਾਅਦ ਦੁਪਹਿਰ ਤੱਕ ਅਤੇ 4.31 ਵਜੇ ਬਾਅਦ ਦੁਪਹਿਰ ਤੋਂ 4.53 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਬੁੱਧਵਾਰ, ਮਿਤੀ 22 ਮਾਰਚ, 2023 ਦੇ 10.00 ਵਜੇ ਸਵੇਰ ਤੱਕ ਸਥੱਗਿਤ ਹੋ ਗਿਆ।

ਚੰਡੀਗੜ੍ਹ।
11 ਮਾਰਚ, 2023

ਸੁਰਿੰਦਰ ਪਾਲ
ਸਕੱਤਰ।

13/3/23
Principal Chief Reporter
Punjab Vidhan Sabha
Chandigrah